# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 27-09-2025**

## <u>ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ</u>

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ BSNL ਵਲੋਂ ਲਗਾਏ ਗਏ ਨਵੇਂ ਸਵਦੇਸ਼ੀ 4-G ਮੋਬਾਈਲ ਟਾਵਰਾਂ ਦਾ ਉਦਘਾਟਨ ਕੀਤਾ -ਕਿਹਾ ਭਾਰਤ ਦੂਰਸੰਚਾਰ ਤਕਨਾਲੋਜੀ ਦਾ ਇੱਕ ਆਲਮੀ ਕੇਂਦਰ ਬਣਨ ਵੱਲ ਵਧ ਰਿਹਾ ਏ।
- ਪ੍ਰਧਾਨ ਮੰਤਰੀ ਭਲਕੇ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ।
- ਪੰਜਾਬ ਦੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਨਵੀਂ ਦਿੱਲੀ ਵਿਖੇ ਵਰਲਡ ਫ਼ੂਡ ਇੰਡੀਆ 2025 ਪ੍ਰੋਗਰਾਮ ਵਿੱਚ ਹਿੱਸਾ ਲਿਆ-ਨਿਵੇਸ਼ਕਾਂ ਨੂੰ ਪੰਜਾਬ ਵਿੱਚ ਨਿਵੇਸ਼ ਕਰਨ ਦੀ ਕੀਤੀ ਅਪੀਲ ।
- ਪੰਜਾਬ ਪੁਲਿਸ ਨੇ ਕੇਂਦਰੀ ਏਜੰਸੀਆਂ ਦੇ ਸਹਿਯੋਗ ਨਾਲ ਅਬੂ ਧਾਬੀ ਤੋਂ ਹਵਾਲਗੀ ਲੈਣ ਮਗਰੋਂ ਬੱਬਰ ਖਾਲਸਾ ਇੰਟਰਨੈਸ਼ਨਲ ਦੇ ਦਹਿਸ਼ਤਗਰਦ ਪਰਮਿੰਦਰ ਸਿੰਘ ਪਿੰਦੀ ਨੂੰ ਭਾਰਤ ਲਿਆਂਦਾ।

- ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ ਲੁਧਿਆਣਾ ਵਿਚ ਲਗਿਆ 'ਪਸ਼ੂ ਪਾਲਣ ਮੇਲਾ', ਡੇਅਰੀ ਪਸ਼ੂਆਂ ਦੀ ਅਗਲੀ ਨਸਲ ਦੀ ਬਿਹਤਰ ਸੰਭਾਲ ਦੇ ਸੁਨੇਹੇ ਨਾਲ ਸਮਾਪਤ ਹੋਇਆ।
- ਭਾਰਤ ਨੇ ਅੱਜ ਦੱਖਣੀ ਕੋਰੀਆ ਦੇ ਗਵਾਂਗਜੂ ਵਿੱਚ, ਵਿਸ਼ਵ ਤੀਰਅੰਦਾਜ਼ੀ ਪੈਰਾ ਚੈਂਪੀਅਨਸ਼ਿਪ 'ਚ ਦੋ ਸੋਨ ਤਮਗੇ ਜਿੱਤੇ।

## ਹੁਣ ਖਬਰਾਂ ਵਿਸਥਾਰ ਨਾਲ

ਪ੍ਰਧਾਨ ਮੰਤਰੀ ਨੇ ਬੀ.ਐਸ.ਐਨ.ਐਲ ਵਲੋਂ ਲਗਾਏ ਗਏ 97 ਹਜ਼ਾਰ 500 ਤੋਂ ਵੱਧ ਨਵੇਂ ਸਵਦੇਸ਼ੀ 4-G ਮੋਬਾਈਲ ਟਾਵਰਾਂ ਦਾ ਉਦਘਾਟਨ ਕੀਤਾ । ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ 2ਜੀ, 3ਜੀ ਅਤੇ 4ਜੀ ਤਕਨਾਲੋਜੀਆਂ ਦੇ ਵਿਕਾਸ ਵਿੱਚ ਪਛੜ ਗਿਆ ਸੀ ਅਤੇ ਇਸ ਖੇਤਰ ਵਿੱਚ ਵਿਦੇਸ਼ੀ ਤਕਨਾਲੋਜੀ 'ਤੇ ਨਿਰਭਰ ਸੀ। ਉਨ੍ਹਾਂ ਕਿਹਾ, ਭਾਰਤ ਉਨ੍ਹਾਂ ਪੰਜ ਸਭ ਤੋਂ ਉੱਚ ਦੇਸ਼ਾਂ ਵਿੱਚ ਆ ਜਾਵੇਗਾ ਜਿਨ੍ਹਾਂ ਕੋਲ ਆਪਣਾ-ਸਵਦੇਸ਼ੀ 4G ਅਤੇ 5G ਨੈੱਟਵਰਕ ਏ । ਪ੍ਰਧਾਨ ਮੰਤਰੀ ਨੇ ਕਿਹਾ, ਭਾਰਤ ਭਵਿੱਖ ਵਿੱਚ ਦੂਰਸੰਚਾਰ ਤਕਨਾਲੋਜੀ ਦਾ ਆਲਮੀ ਕੇਂਦਰ ਬਣ ਜਾਵੇਗਾ। ਉਨ੍ਹਾਂ ਕਿਹਾ, ਇਹ ਮਾਣ ਦੀ ਗੱਲ ਏ ਕਿ BSNL ਨੇ ਸਾਡੇ

ਆਪਣੇ ਦੇਸ਼ ਵਿੱਚ ਪੂਰੀ ਤਰ੍ਹਾਂ ਸਵਦੇਸ਼ੀ 4G ਤਕਨਾਲੋਜੀ ਵਿਕਸਤ ਕੀਤੀ ਏ ।

BYTE

ਇਸ ਤੋਂ ਪਹਿਲਾ ਪ੍ਰਧਾਨ ਮੰਤਰੀ ਨੇ  ਓਡੀਸ਼ਾ ਦੇ ਝਾਰ-ਸੁਗੁੜਾ ਤੋਂ 60 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੇ ਕਈ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ। ਇਹ ਪ੍ਰੋਜੈਕਟ ਦੂਰਸੰਚਾਰ, ਰੇਲਵੇ, ਉੱਚ ਸਿੱਖਿਆ, ਸਿਹਤ ਸੰਭਾਲ, ਹੁਨਰ ਵਿਕਾਸ, ਪੇਂਡੂ ਰਿਹਾਇਸ਼ੀ ਖੇਤਰ ਸਮੇਤ ਵੱਖ-ਵੱਖ ਖੇਤਰਾਂ ਵਿੱਚ ਫੈਲੇ ਹੋਏ ਨੇ ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਹ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਇਸ ਰੇਡੀਓ ਪ੍ਰੋਗਰਾਮ ਦਾ 126ਵਾਂ ਐਪੀਸੋਡ ਹੋਵੇਗਾ। 'ਮਨ ਕੀ ਬਾਤ' ਪ੍ਰੋਗਰਾਮ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਸਮੁੱਚੇ ਨੈੱਟਵਰਕ, ਆਕਾਸ਼ਵਾਣੀ ਖਬਰਾਂ ਦੀ WEBSITE ਅਤੇ NEWSONAIR ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ। ਇਸ ਨੂੰ AIR ਨਿਊਜ਼, DD ਨਿਊਜ਼, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ YOUTUBE ਚੈਨਲਾਂ

'ਤੇ ਵੀ ਲਾਈਵ ਸਟ੍ਰੀਮ ਕੀਤਾ ਜਾਵੇਗਾ। ਆਕਾਸ਼ਵਾਣੀ, ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕਰੇਗਾ।

---------------------------------------------------------

ਕੇਂਦਰੀ ਮੰਤਰੀ ਬੀ.ਐਲ. ਵਰਮਾ ਨੇ ਅੱਜ ਗੁਰਦਾਸਪੁਰ ਜ਼ਿਲੇ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ ਅਤੇ ਹੜ੍ਹ ਪੀੜਤਾਂ ਨਾਲ ਗੱਲਬਾਤ ਕੀਤੀ । ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਇਸ ਮੁਸ਼ਕਲ ਸਮੇਂ ਵਿੱਚ ਪੰਜਾਬ ਦੇ ਲੋਕਾਂ ਦੇ ਨਾਲ ਖੜ੍ਹੀ ਏ । ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੇਂਦਰੀ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਕੇਂਦਰ ਸਰਕਾਰ ਵੱਲੋਂ ਜਾਰੀ ਕੀਤੇ ਗਏ 1600 ਕਰੋੜ ਰੁਪਏ ਦੀ ਚਿੰਤਾ ਕਰਨ ਦੀ ਲੋੜ ਨਹੀਂ ਏ ਇਹ ਸਿੱਧੇ ਕਿਸਾਨਾਂ ਦੇ ਖਾਤਿਆਂ ਵਿੱਚ ਜਮ੍ਹਾ ਕੀਤੇ ਜਾਣਗੇ।

BYTE

---------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਵਰਲਡ ਫੂਡ ਇੰਡੀਆ 2025 ਪ੍ਰੋਗਰਾਮ ਵਿੱਚ ਹਿੱਸਾ ਲਿਆ । ਇਹ ਪ੍ਰੋਗਰਾਮ ਭਾਰਤ ਸਰਕਾਰ ਦੇ ਖੁਰਾਕ ਪ੍ਰੋਸੈਸਿੰਗ ਸਨਅਤ

ਵੱਲੋਂ ਆਯੋਜਿਤ ਕੀਤਾ ਗਿਆ ਸੀ। ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ, ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ ਖੇਤੀਬਾੜੀ ਖੇਤਰ ਵਿੱਚ ਵਿਸ਼ਾਲ ਤਾਕਤ ਏ ਅਤੇ ਪੰਜਾਬ ਦੇ ਖੁਰਾਕ ਪ੍ਰੋਸੈਸਿੰਗ ਸਨਅਤ ਵਿੱਚ ਕਈ ਮੌਕੇ ਉਪਲਬਧ ਨੇ। ਉਨ੍ਹਾਂ ਨੇ ਕਿਹਾ ਕਿ, ਸਰਕਾਰ ਨਿਵੇਸ਼ਕ ਅਨੁਕੂਲ ਨੀਤੀਆਂ ਬਣਾ ਰਹੀ ਏ। ਉਨ੍ਹਾਂ ਨੇ ਨਿਵੇਸ਼ਕਾਂ ਨੂੰ ਪੰਜਾਬ ਵਿੱਚ ਨਿਵੇਸ਼ ਕਰਨ ਲਈ ਅੱਗੇ ਆਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਨਿਵੇਸ਼ਕਾਂ ਨੂੰ 45 ਦਿਨਾਂ ਦੇ ਅੰਦਰ ਪੰਜਾਬ ਵਿੱਚ ਆਪਣਾ ਸਨਅਤ ਸਥਾਪਤ ਕਰਨ ਸੰਬੰਧੀ ਸਾਰੀਆਂ ਪ੍ਰਵਾਨਗੀਆਂ ਮਿਲ ਜਾਣਗੀਆਂ। ਉਨ੍ਹਾਂ ਨਵੀਂ ਸਨਅਤੀ ਨੀਤੀ ਬਣਾਉਣ ਲਈ ਬਣਾਈ ਗਈ ਆਜ਼ਾਦ ਕਮੇਟੀ ਬਾਰੇ ਵੀ ਜਾਣੂ ਕਰਵਾਇਆ। ਇਸ ਤੋਂ ਇਲਾਵਾ, ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਨਿਵੇਸ਼ ਕਰਨ ਵਿੱਚ ਦਿਲਚਸਪੀ ਰੱਖਣ ਵਾਲੇ ਉੱਦਮੀਆਂ ਨੂੰ ਪੂਰਾ ਸਹਿਯੋਗ ਦਿੱਤਾ ਜਾਵੇਗਾ। ਇਸ ਮੌਕੇ ਕੇਂਦਰੀ ਖੁਰਾਕ ਪ੍ਰੋਸੈਸਿੰਗ ਮੰਤਰੀ ਚਿਰਾਗ ਪਾਸਵਾਨ ਨੇ ਵੀ ਪੰਜਾਬ ਪੈਵੇਲੀਅਨ ਦਾ ਦੌਰਾ ਕੀਤਾ ਅਤੇ ਪੰਜਾਬ ਦੇ ਉਤਪਾਦਾਂ ਦੇ ਪ੍ਰਦਰਸ਼ਨ ਦੀ ਸ਼ਲਾਘਾ। ਉਨ੍ਹਾਂ ਨੇ ਭਵਿੱਖ ਵਿੱਚ ਪੰਜਾਬ ਦਾ ਦੌਰਾ ਕਰਨ ਦਾ ਵਾਅਦਾ ਵੀ ਕੀਤਾ।

------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਐਲਾਨਿਆ ਗਿਆ ਜੀਐਸਟੀ ਬਚਤ ਉਤਸਵ, ਜੋ ਇਸ ਮਹੀਨੇ ਦੀ 22 ਤਰੀਕ ਨੂੰ ਸ਼ੁਰੂ ਹੋਇਆ ਸੀ, ਸਮਾਜ ਦੇ ਸਾਰੇ ਵਰਗਾਂ ਨੂੰ ਲਾਭ ਪਹੁੰਚਾ ਰਿਹਾ ਏ। ਅਗਲੀ ਪੀੜ੍ਹੀ ਦੇ ਜੀਐਸਟੀ ਸੁਧਾਰ ਭਾਰਤ ਦੀ ਅਸਿੱਧੀ ਟੈਕਸ ਪ੍ਰਣਾਲੀ ਨੂੰ ਸਰਲ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਨੇ। ਇਹ ਸੁਧਾਰ ਵੱਖ-ਵੱਖ ਵਸਤਾਂ ਅਤੇ ਸੇਵਾਵਾਂ 'ਤੇ ਟੈਕਸ ਦਰਾਂ ਘਟਾ ਕੇ,ਨਾਗਰਿਕਾਂ ਨੂੰ ਕਾਫ਼ੀ ਰਾਹਤ ਦੇ ਰਹੇ ਨੇ।

ਇੱਕ ਰਿਪੋਰਟ

ਨਵੇਂ ਜੀਐਸਟੀ ਸੁਧਾਰਾਂ ਤਹਿਤ, ਸਰਕਾਰ ਨੇ ਸਿਹਤ ਸੰਭਾਲ ਨੂੰ ਉਤਸ਼ਾਹਿਤ ਕਰਨ ਅਤੇ ਮੁੱਖ ਖੇਤਰਾਂ ਵਿੱਚ ਨਿਵੇਸ਼ ਨੂੰ ਵਧਾਉਣ ਦੇ ਉਦੇਸ਼ ਨਾਲ, ਮਹੱਤਵਪੂਰਨ ਟੈਕਸ ਕਟੌਤੀਆਂ ਦਾ ਐਲਾਨ ਕੀਤਾ ਏ। ਜਿੰਮ ਅਤੇ ਫਿਟਨੈਸ ਸੈਂਟਰਾਂ 'ਤੇ ਜੀਐਸਟੀ ਨੂੰ 18 ਫ਼ੀਸਦੀ ਤੋਂ ਘਟਾ ਕੇ 5 ਫ਼ੀਸਦੀ ਕਰ ਦਿੱਤਾ ਗਿਆ ਏ, ਜਿਸਦਾ ਉਦੇਸ਼ ਲੋਕਾਂ ਲਈ ਇੱਕ ਸਿਹਤਮੰਦ ਜੀਵਨ ਸ਼ੈਲੀ ਨੂੰ ਹੋਰ ਕਿਫਾਇਤੀ ਬਣਾਉਣਾ ਏ। ਇਸ ਕਟੌਤੀ ਨਾਲ ਜਿੰਮ ਮੈਂਬਰਸ਼ਿਪ ਵਿੱਚ ਵਾਧਾ ਹੋਣ ਅਤੇ ਜਿੰਮ ਮਾਲਕਾਂ ਦੀ ਆਮਦਨ ਵਿੱਚ ਵਾਧਾ ਹੋਣ ਦੀ ਸੰਭਾਵਨਾ ਵੀ ਏ। ਇਸ ਤੋਂ ਇਲਾਵਾ, ਸਰਲ ਜੀਐਸਟੀ ਢਾਂਚੇ ਤਹਿਤ ਦੁੱਧ-ਅਧਾਰਤ ਪੀਣ ਵਾਲੇ ਪਦਾਰਥਾਂ ਅਤੇ ਸੁੱਕੇ ਮੇਵਿਆਂ ਵਰਗੀਆਂ ਸਿਹਤਮੰਦ ਭੋਜਨ ਵਸਤਾਂ 'ਤੇ 5 ਫ਼ੀਸਦੀ ਦਰ ਜਾਰੀ ਰਹੇਗੀ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਮਹੀਨੇ ਦੀ 21 ਤਰੀਕ ਨੂੰ ਨਾਗਰਿਕਾਂ ਨੂੰ ਘਰੇਲੂ ਸਨਅਤਾਂ, ਛੋਟੇ ਨਿਰਮਾਤਾਵਾਂ, ਸਥਾਨਕ ਕਾਰੀਗਰਾਂ ਅਤੇ MSMEs ਦੀ ਹਮਾਇਤ ਕਰਦੇ ਹੋਏ

ਸਵਦੇਸ਼ੀ ਉਤਪਾਦਾਂ ਨੂੰ ਅਪਣਾਉਣ ਦੀ ਅਪੀਲ ਕੀਤੀ ਏ। ਬਿਊਰੋ ਰਿਪੋਰਟ ਨਾਲ ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਕਾਜਲ

---------------------------------------------------------------

ਰੇਲ ਰਾਜ ਮੰਤਰੀ ਅਤੇ ਫੂਡ ਪ੍ਰੋਸੈਸਿੰਗ ਇੰਡਸਟਰੀਜ਼ ਰਾਜ ਮੰਤਰੀ ਰਵਨੀਤ ਸਿੰਘ ਨੇ ਅੱਜ ਲੁਧਿਆਣਾ ਵਿੱਚ ਨਵੀਂ ਬਣੀ ਰੇਲਵੇ ਸਿਹਤ ਸਹੂਲਤ ਕੇਂਦਰ ਦਾ ਉਦਘਾਟਨ ਕੀਤਾ । ਲਗਭਗ ਸਾਢੇ 7 ਕਰੋੜ ਦੀ ਲਾਗਤ ਨਾਲ ਬਣੇ ਇਸ ਅਤਿ-ਆਧੁਨਿਕ ਕੇਂਦਰ ਦਾ ਨਿਰਮਾਣ 1,800 ਵਰਗ ਮੀਟਰ ਖੇਤਰਫਲ ਵਿੱਚ ਕੀਤਾ ਗਿਆ ਏ । ਇਹ ਕੇਂਦਰ ਰੇਲਵੇ ਕਰਮਚਾਰੀਆਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਮੈਡੀਕਲ ਸੇਵਾਵਾਂ ਮੁਹੱਈਆ ਕਰੇਗਾ। ਫਿਰੋਜ਼ਪੁਰ ਮੰਡਲ ਦੀਆਂ ਸਿਹਤ ਸਹੂਲਤਾਂ ਬਾਰੇ ਜਾਣਕਾਰੀ ਦਿੰਦਿਆਂ ਸ੍ਰੀ ਰਵਨੀਤ ਸਿੰਘ ਨੇ ਕਿਹਾ ਕਿ ਇਸ ਵੇਲੇ ਫਿਰੋਜ਼ਪੁਰ ਮੰਡਲ ਵਿੱਚ ਇੱਕ ਡਿਵਿਜ਼ਨਲ ਹਸਪਤਾਲ, ਅੰਮ੍ਰਿਤਸਰ ਚ ਇੱਕ ਉਪ-ਮੰਡਲੀ ਹਸਪਤਾਲ ਅਤੇ 6 ਸਿਹਤ ਯੂਨਿਟਾਂ ਨੇ ।

---------------------------------------------------------------

ਪੰਜਾਬ ਪੁਲਿਸ ਨੇ ਕੇਂਦਰੀ ਜਾਂਚ ਬਿਊਰੋ ਅਤੇ ਹੋਰ ਕੇਂਦਰੀ ਏਜੰਸੀਆਂ ਦੇ ਸਹਿਯੋਗ ਨਾਲ ਬੱਬਰ ਖਾਲਸਾ ਇੰਟਰਨੈਸ਼ਨਲ ਮਾਡਿਊਲ ਦੇ ਦਹਿਸ਼ਤਗਰਦ ਪਰਮਿੰਦਰ ਸਿੰਘ ਉਰਫ਼ ਪਿੰਦੀ ਦੀ ਹਵਾਲਗੀ ਹਾਸਲ

ਕਰਨਮਗਰੋਂ ਉਸਨੂੰ ਸੰਯੁਕਤ ਅਰਬ ਅਮੀਰਾਤ ਦੇ ਅਬੂ ਧਾਬੀ ਤੋਂ ਸਫ਼ਲਤਾਪੂਰਵਕ ਭਾਰਤ ਲੈ ਆਂਦਾ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਬਟਾਲਾ ਦੇ ਹਰਸ਼ਾ ਦਾ ਰਹਿਣ ਵਾਲਾ ਪਰਮਿੰਦਰ ਸਿੰਘ ਉਰਫ਼ ਪਿੰਦੀ ਇੱਕ ਖ਼ਤਰਨਾਕ ਦਹਿਸ਼ਤਗਰਦੀ ਅਪਰਾਧ ਸਿੰਡੀਕੇਟ ਦਾ ਮੁੱਖ ਸੰਚਾਲਕ ਵੀ ਏ। ਜ਼ਿਕਰਯੋਗ ਪਿੰਦੀ ਨੂੰ ਬਟਾਲਾ ਪੁਲਿਸ ਦੀ ਟੀਮ ਸੰਯੁਕਤ ਅਰਬ ਅਮੀਰਾਤਤੋਂ ਭਾਰਤ ਲੈ ਕੇ ਆਈ ਏ। ਪੁਲਿਸ ਵਲੋਂ ਅਪੀਲ ਕੀਤੇ ਗਏ ਰੈੱਡ ਕਾਰਨਰ ਨੋਟਿਸ 'ਤੇ ਤੇਜ਼ੀ ਨਾਲ ਕਾਰਵਾਈ ਕਰਦੇ ਹੋਏ, ਇੱਕ ਸਮਰਪਿਤ ਚਾਰ ਮੈਂਬਰੀ ਟੀਮ ਨੇ, ਵਿਦੇਸ਼ ਮੰਤਰਾਲੇ ਅਤੇ ਸੰਯੁਕਤ ਅਰਬ ਅਮੀਰਾਤ ਦੇ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਮੁਲਜ਼ਮ ਨੂੰ ਸਫਲਤਾਪੂਰਵਕ ਵਾਪਸ ਲਿਆਂਦਾ ਏ । ਉਨ੍ਹਾਂ ਨਿਆਂ ਨੂੰ ਕਾਇਮ ਰੱਖਣ ਅਤੇ ਰਾਸ਼ਟਰੀ ਸੁਰੱਖਿਆ ਦੀ ਮਜ਼ਬੂਤੀ ਦੇ ਇਸ ਸਾਂਝੇ ਯਤਨ ਵਿੱਚ ਸਹਿਯੋਗ ਲਈ ਵਿਦੇਸ਼ ਮੰਤਰਾਲੇ, ਸੰਯੁਕਤ ਅਰਬ ਅਮੀਰਾਤ ਸਰਕਾਰ, ਸੀ.ਬੀ.ਆਈ ਅਤੇ ਹੋਰ ਕੇਂਦਰੀ ਏਜੰਸੀਆਂ ਦਾ ਧੰਨਵਾਦ ਕੀਤਾ। ਬਟਾਲਾ ਦੇ ਐਸ.ਐਸ.ਪੀ ਸੁਹੇਲ ਕਾਸਿਮ ਮੀਰ ਨੇ ਵੇਰਵੇ ਸਾਂਝੇ ਕਰਦਿਆਂ ਦਸਿਆ

BYTE

-----------------------------------------------------

ਲੁਧਿਆਣਾ ਦੀ ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ ਵੱਲੋਂ ਲਗਾਇਆ ਗਿਆ ਦੋ ਰੋਜ਼ਾ 'ਪਸ਼ੂ ਪਾਲਣ ਮੇਲਾ' ਅੱਜ ਡੇਅਰੀ ਪਸ਼ੂਆਂ ਦੀ ਅਗਲੀ ਨਸਲ ਦੀ ਬਿਹਤਰ ਸੰਭਾਲ ਕਰਨ ਦੇ ਸੁਨੇਹੇ ਨਾਲ ਸੰਪੂਰਨ ਹੋ ਗਿਆ । ਮੇਲੇ ਵਿਚ ਵੱਡੀ ਗਿਣਤੀ ਵਿਚ ਕਿਸਾਨਾਂ ਨੇ ਸ਼ਮੂਲੀਅਤ ਕੀਤੀ ਅਤੇ ਨਵੀਆਂ ਤਕਨੀਕਾਂ ਸਿੱਖਣ ਵਿਚ ਆਪਣੀ ਰੁਚੀ ਵਿਖਾਈ । ਵਿਭਾਗ ਦੇ ਵਿਤ ਕਮਿਸ਼ਨਰ ਰਾਹੁਲ ਭੰਡਾਰੀ ਨੇ ਯੂਨੀਵਰਸਿਟੀ ਦੇ ਯੋਗਦਾਨ ਦੀ ਪ੍ਰਸੰਸਾ ਕੀਤੀ ਉਨ੍ਹਾਂ ਕਿਹਾ ਕਿ ਪਸ਼ੂ ਖੁਰਾਕ ਸੰਬੰਧੀ ਗਿਆਨ ਦੇਣ ਲਈ ਸਾਨੂੰ ਪਿੰਡ ਪੱਧਰ 'ਤੇ ਪਹੁੰਚ ਕੇ ਕੰਮ ਕਰਨਾ ਚਾਹੀਦਾ ਏ । ਉਨ੍ਹਾਂ ਰਾਮਪੁਰਾ ਫੂਲ ਵਿਖੇ ਚਲਾਏ ਜਾ ਰਹੇ ਕਾਲਜ ਆਫ ਵੈਟਨਰੀ ਸਾਇੰਸ ਦੀ ਕਾਰਗੁਜ਼ਾਰੀ ਦੀ ਵੀ ਪ੍ਰਸੰਸਾ ਕੀਤੀ। ਉਨ੍ਹਾਂ ਕਿਹਾ ਕਿ ਵਿਗਿਆਨੀਆਂ ਨੂੰ ਪਿੰਡਾਂ ਨੂੰ ਗੋਦ ਲੈ ਕੇ ਉਨ੍ਹਾਂ ਦੀ ਤਰੱਕੀ ਲਈ ਕੰਮ ਕਰਨਾ ਚਾਹੀਦਾ ਏ । ਉਪ ਕੁਲਪਤੀ ਡਾ. ਜਤਿੰਦਰ ਪਾਲ ਸਿੰਘ ਗਿੱਲ ਨੇ ਜਾਣਕਾਰੀ ਦਿੱਤੀ ਕਿ ਯੂਨੀਵਰਸਿਟੀ ਵਿਖੇ ਇਕ ਆਧੁਨਿਕ ਫੀਡ ਜਾਂਚ ਪ੍ਰਯੋਗਸ਼ਾਲਾ ਸਥਾਪਿਤ ਕੀਤੀ ਜਾ ਰਹੀ ਏ ਅਤੇ ਅਗਲੇ ਸਾਲ ਤਕ ਵੱਡੇ ਪਸ਼ੂਆਂ ਦਾ ਨਵਾਂ ਹਸਪਤਾਲ ਅਤੇ ਘੋੜਿਆਂ ਦਾ ਹਸਪਤਾਲ ਬਣਾਇਆ ਜਾ ਰਿਹਾ ਏ । ਯੂਨੀਵਰਸਿਟੀ ਦੇ ਵੱਖੋ ਵੱਖਰੇ ਵਿਭਾਗਾਂ ਨੇ ਆਪਣਾ ਗਿਆਨ ਤੇ ਜਾਣਕਾਰੀਆਂ ਪਸ਼ੂ ਪਾਲਕਾਂ ਨੂੰ ਦਿੱਤੀਆਂ। ਯੂਨੀਵਰਸਿਟੀ ਦੇ ਸਾਇੰਸਦਾਨਾਂ ਵੱਲੋਂ ਤਿਆਰ ਕੀਤੇ ਗਏ ਕਈ

ਕਿਤਾਬਚੇ ਅਤੇ ਪ੍ਰਕਾਸ਼ਨਾਵਾਂ ਲੋਕ ਅਰਪਣ ਕੀਤੀਆਂ ਗਈਆਂ। ਯੂਨੀਵਰਸਿਟੀ ਤੋਂ ਸਿਖਲਾਈ ਲੈ ਕੇ ਆਪਣੇ ਕਿੱਤੇ ਸਥਾਪਿਤ ਕਰਨ ਵਾਲੇ ਅਗਾਂਹਵਧੂ ਕਿਸਾਨਾਂ ਨੂੰ ਅਤੇ ਯੂਨੀਵਸਿਟੀ ਨਾਲ ਜੁੜ ਕੇ ਕੰਮ ਕਰਨ ਵਾਲੀਆਂ ਜਥੇਬੰਦੀਆਂ ਨੂੰ ਵੀ ਸਨਮਾਨਿਤ ਕੀਤਾ ਗਿਆ।

-------------------------------------------------------

ਅੱਜ ਵਿਸ਼ਵ ਸੈਰ-ਸਪਾਟਾ ਦਿਵਸ ਮਨਾਇਆ ਜਾ ਰਿਹਾ ਏ । ਇਹ ਦਿਨ ਲੋਕਾਂ ਨੂੰ ਜੋੜਨ, ਸੱਭਿਆਚਾਰਕ ਆਦਾਨ-ਪ੍ਰਦਾਨ ਨੂੰ ਉਤਸ਼ਾਹਿਤ ਕਰਨ ਅਤੇ ਆਰਥਿਕ ਵਿਕਾਸ ਵਿੱਚ ਸੈਰ-ਸਪਾਟੇ ਦੀ ਮਹੱਤਤਾ ਨੂੰ ਉਜਾਗਰ ਕਰਦਾ ਏ । ਇਸ ਸਾਲ ਦਾ ਥੀਮ- 'ਸੈਰ-ਸਪਾਟਾ ਅਤੇ ਪਾਏਦਾਰ ਬਦਲਾਅ' ਰੱਖਿਆ ਗਿਆ ਏ, ਜੋ ਸਕਾਰਾਤਮਕ ਬਦਲਾਅ ਨੂੰ ਉਤਸ਼ਾਹਿਤ ਕਰਨ ਵਿੱਚ ਸੈਰ-ਸਪਾਟੇ ਦੀ ਸ਼ਕਤੀ 'ਤੇ ਜ਼ੋਰ ਦਿੰਦਾ ਏ । ਇਹ ਦਿਨ 1970 ਵਿੱਚ ਸੰਯੁਕਤ ਰਾਸ਼ਟਰ ਵਿਸ਼ਵ ਸੈਰ-ਸਪਾਟਾ ਸੰਗਠਨ ਦੇ ਕਾਨੂੰਨਾਂ ਨੂੰ ਅਪਣਾਉਣ ਦੀ ਯਾਦ ਦਿਵਾਉਂਦਾ ਏ । ਇਹ ਪਹਿਲੀ ਵਾਰ 1980 ਵਿੱਚ ਮਨਾਇਆ ਗਿਆ ਸੀ।  ਸੈਰ-ਸਪਾਟਾ ਮੁੱਖ ਆਰਥਿਕ ਖੇਤਰਾਂ ਵਿੱਚੋਂ ਇੱਕ ਏ , ਜੋ ਬਰਾਮਦ  ਵਿੱਚ ਯੋਗਦਾਨ ਪਾਉਂਦਾ ਏ ਅਤੇ ਵਿਸ਼ਵਵਿਆਪੀ ਖੁਸ਼ਹਾਲੀ ਨੂੰ ਵਧਾਉਂਦਾ ਏ । ਸਰਕਾਰ

ਨੇ ਇਸ ਖੇਤਰ ਨੂੰ ਵਧਾਉਣ ਅਤੇ ਕ੍ਰਾਂਤੀ ਲਿਆਉਣ ਲਈ ਕਈ ਪਰਿਵਰਤਨਸ਼ੀਲ ਪਹਿਲਕਦਮੀਆਂ ਕੀਤੀਆਂ ਨੇ ।

------------------------------------------------------

ਫਰੀਦਕੋਟ ਦੇ ਮੁੱਖ ਖੇਤੀਬਾੜੀ ਅਫਸਰ ਡਾ. ਕੁਲਵੰਤ ਸਿੰਘ ਵੱਲੋਂ ਪਰਾਲੀ ਪ੍ਰਬੰਧਨ ਸਬੰਧੀ ਵੱਖ-ਵੱਖ ਕਲੱਸਟਰਾਂ ਦਾ ਦੌਰਾ ਕੀਤਾ ਗਿਆ । ਇਸ ਦੌਰਾਨ ਪਿੰਡ ਭੈਰੋਕੇ ਭੱਟੀ ਅਤੇ ਮੌਰਾਵਾਲੀ ਵਿੱਚ ਕਿਸਾਨ ਸਿਖਲਾਈ ਕੈਂਪ ਲਾਏ ਗਏ । ਇਹਨਾਂ ਕੈਂਪਾਂ ਵਿੱਚ ਉਹਨਾਂ ਨੇ ਆਪਣੀ ਖੇਤੀ ਮਾਹਿਰਾਂ ਦੀ ਟੀਮ ਨਾਲ ਕਿਸਾਨਾਂ ਨੂੰ ਜਾਣਕਾਰੀ ਦਿੰਦਿਆਂ ਅਪੀਲ ਕੀਤੀ ਕਿ ਉਹ ਪਰਾਲੀ ਨੂੰ ਅੱਗ ਨਾ ਲਗਾਉਣ, ਸਗੋਂ ਇਸਨੂੰ ਖੇਤਾਂ ਵਿੱਚ ਹੀ ਮਿਲਾ ਕੇ ਮਿੱਟੀ ਦੀ ਉਪਜਾਊ ਸ਼ਕਤੀ ਵਧਾਉਣ। ਇਸ ਮੌਕੇ ਡਾ. ਗੁਰਪ੍ਰੀਤ ਸਿੰਘ ਨੇ ਪਰਾਲੀ ਪ੍ਰਬੰਧਨ ਲਈ ਵਰਤੀ ਜਾਣ ਵਾਲੀ ਮਸ਼ੀਨਰੀ ਬਾਰੇ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਜੇਕਰ ਕਿਸੇ ਕਿਸਾਨ ਨੂੰ ਕਿਸੇ ਤਰ੍ਹਾਂ ਦੀ ਮੁਸ਼ਕਲ ਆਵੇ ਤਾਂ ਉਹ ਆਪਣੇ ਪਿੰਡ ਦੇ ਨੋਡਲ ਅਫਸਰ, ਕਲੱਸਟਰ ਅਫਸਰ ਜਾਂ ਸਹਾਇਕ ਕਲੱਸਟਰ ਅਫਸਰ ਨਾਲ ਸੰਪਰਕ ਕਰ ਸਕਦਾ ਹੈ। ਉਨ੍ਹਾਂ ਵੱਲੋਂ ਹਰ ਸੰਭਵ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ।

------------------------------------------------------

ਦੱਖਣੀ ਕੋਰੀਆ ਦੇ ਗਵਾਂਗਜੂ ਵਿੱਚ, ਵਿਸ਼ਵ ਤੀਰਅੰਦਾਜ਼ੀ ਪੈਰਾ ਚੈਂਪੀਅਨਸ਼ਿਪ ਦੇ ਆਖਰੀ ਦਿਨ ਭਾਰਤ ਨੇ ਅੱਜ ਦੋ ਸੋਨੇ ਦੇ ਤਮਗੇ ਜਿੱਤੇ ਨੇ। ਇਸ ਨਾਲ ਭਾਰਤ ਦੇ ਕੁੱਲ੍ਹ ਤਮਗਿਆਂ ਦੀ ਗਿਣਤੀ 7 ਹੋ ਗਈ ਏ। ਸ਼ੀਤਲ ਦੇਵੀ ਨੇ ਔਰਤਾਂ ਦੇ ਕੰਪਾਊਂਡ ਵਿਅਕਤੀਗਤ ਮੁਕਾਬਲੇ ਵਿੱਚ ਜਦੋਂ ਕਿ, ਤੋ-ਮਨ ਕੁਮਾਰ ਨੇ ਮਰਦਾਂ ਦੇ ਵਰਗ ਵਿੱਚ ਪਹਿਲਾ ਸਥਾਨ ਹਾਸਿਲ ਕੀਤਾ। 18 ਸਾਲਾ ਸ਼ੀਤਲ ਦੇਵੀ ਨੇ ਸੋਨੇ ਦਾ ਤਮਗਾ ਜਿੱਤਣ ਵਾਲੀ ਬਿਨ੍ਹਾਂ ਬਾਂਹ ਵਾਲੀ ਪਹਿਲੀ ਤੀਰਅੰਦਾਜ਼ ਬਣ ਕੇ ਇਤਿਹਾਸ ਰਚ ਦਿੱਤਾ। ਉਨ੍ਹਾਂ ਨੇ ਵਿਸ਼ਵ ਦੀ ਨੰਬਰ ਇੱਕ ਪੈਰਾ ਤੀਰਅੰਦਾਜ਼, ਤੁਰਕੀ ਦੀ Oznur Cure Girdi ਨੂੰ 146-143 ਨਾਲ ਹਰਾ ਕੇ ਪਹਿਲਾ ਸਥਾਨ ਹਾਸਲ ਕੀਤਾ। ਓਧਰ ਤੋਮਨ ਕੁਮਾਰ ਨੇ ਮਰਦਾਂ ਦੇ ਕੰਪਾਊਂਡ ਮੁਕਾਬਲੇ ਦਾ ਖਿਤਾਬ ਆਪਣੇ ਨਾਂ ਕੀਤਾ। ਭਾਰਤ ਨੇ ਇਸ ਚੈਂਪੀਅਨਸ਼ਿਪ 'ਚ ਤਿੰਨ ਸੋਨੇ ਦੇ, ਇੱਕ ਚਾਂਦੀ ਦਾ ਅਤੇ ਤਿੰਨ ਕਾਂਸੀ ਦੇ ਤਮਗਿਆਂ ਸਮੇਤ ਕੁੱਲ੍ਹ 7 ਤਮਗੇ ਹਾਸਿਲ ਕੀਤੇ।

---------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ BSNL ਵਲੋਂ ਲਗਾਏ ਗਏ ਨਵੇਂ ਸਵਦੇਸ਼ੀ 4-G ਮੋਬਾਈਲ ਟਾਵਰਾਂ ਦਾ ਉਦਘਾਟਨ ਕੀਤਾ -ਕਿਹਾ

ਭਾਰਤ ਦੂਰਸੰਚਾਰ ਤਕਨਾਲੋਜੀ ਦਾ ਇੱਕ ਆਲਮੀ ਕੇਂਦਰ ਬਣਨ ਵੱਲ ਵਧ ਰਿਹਾ ਏ।

- ਪ੍ਰਧਾਨ ਮੰਤਰੀ ਭਲਕੇ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ।
- ਪੰਜਾਬ ਦੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਨਵੀਂ ਦਿੱਲੀ ਵਿਖੇ ਵਰਲਡ ਫੂਡ ਇੰਡੀਆ 2025 ਪ੍ਰੋਗਰਾਮ ਵਿੱਚ ਹਿੱਸਾ ਲਿਆ-ਨਿਵੇਸ਼ਕਾਂ ਨੂੰ ਪੰਜਾਬ ਵਿੱਚ ਨਿਵੇਸ਼ ਕਰਨ ਦੀ ਕੀਤੀ ਅਪੀਲ ।
- ਪੰਜਾਬ ਪੁਲਿਸ ਨੇ ਕੇਂਦਰੀ ਏਜੰਸੀਆਂ ਦੇ ਸਹਿਯੋਗ ਨਾਲ ਅਬੂ ਧਾਬੀ ਤੋਂ ਹਵਾਲਗੀ ਲੈਣ ਮਗਰੋਂ ਬੱਬਰ ਖਾਲਸਾ ਇੰਟਰਨੈਸ਼ਨਲ ਦੇ ਦਹਿਸ਼ਤਗਰਦ ਪਰਮਿੰਦਰ ਸਿੰਘ ਪਿੰਦੀ ਨੂੰ ਭਾਰਤ ਲਿਆਂਦਾ।
- ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ ਲੁਧਿਆਣਾ ਵਿਚ ਲਗਿਆ ‘ਪਸ਼ੂ ਪਾਲਣ ਮੇਲਾ’, ਡੇਅਰੀ ਪਸ਼ੂਆਂ ਦੀ ਅਗਲੀ ਨਸਲ ਦੀ ਬਿਹਤਰ ਸੰਭਾਲ ਦੇ ਸੁਨੇਹੇ ਨਾਲ ਸਮਾਪਤ ਹੋਇਆ।
- ਭਾਰਤ ਨੇ ਅੱਜ ਦੱਖਣੀ ਕੋਰੀਆ ਦੇ ਗਵਾਂਗਜੂ ਵਿੱਚ, ਵਿਸ਼ਵ ਤੀਰਅੰਦਾਜ਼ੀ ਪੈਰਾ ਚੈਂਪੀਅਨਸ਼ਿਪ 'ਚ ਦੋ ਸੋਨ ਤਮਗੇ ਜਿੱਤੇ।

-----------------------------------------------------------------

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ।**